# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-03-2025**

- ਸਰਕਾਰ ਨੇ ਅੱਜ ਦੇਸ਼ ਵਿੱਚ ਇਲੈਕਟ੍ਰੌਨਿਕ ਵਸਤਾਂ ਦੇ ਨਿਰਮਾਣ ਨੂੰ ਉਤਸ਼ਾਹਿਤ ਕਰਨ ਲਈ, ਇਲੈਕਟ੍ਰੌਨਿਕਸ ਉਪਕਰਣ ਨਿਰਮਾਣ ਯੋਜਨਾ ਨੂੰ ਪ੍ਰਵਾਨਗੀ ਦਿੱਤੀ।

- ਪੰਜਾਬ ਸਰਕਾਰ ਨੇ ਸਰਵਉੱਚ ਅਦਾਲਤ ਨੂੰ ਸੂਚਿਤ ਕੀਤਾ ਏ ਕਿ, ਇਸਨੇ ਹਰਿਆਣਾ ਨਾਲ ਲੱਗਦੇ ਸ਼ੰਭੂ ਅਤੇ ਖਨੌਰੀ ਸਰਹੱਦਾਂ ਤੋਂ, ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਹਟਾ ਦਿੱਤਾ ਏ ਅਤੇ ਰਾਸ਼ਟਰੀ ਸ਼ਾਹਰਾਹ ਨੂੰ ਨਿਰਵਿਘਨ ਆਵਾਜਾਈ ਲਈ ਖੋਲ੍ਹ ਦਿੱਤਾ ਏ।

- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਅਖੀਰਲੇ ਦਿਨ ਬਾਅਦ ਦੁਪਹਿਰ ਤੱਕ ਜਾਰੀ ਰਹਿਣ ਤੋਂ ਬਾਅਦ ਬਜਟ ਇਜਲਾਸ ਅਣਮਿਥੇ ਸਮੇਂ ਲਈ ਉਠਾਇਆ  ਗਿਆ ।

- ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ ਲਾਭਪਾਤਰੀਆਂ ਲਈ 9 ਕਰੋੜ 55 ਲੱਖ ਦੀ ਰਾਸ਼ੀ ਜਾਰੀ।
- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਨਕਲੀ ਕਪਾਹ ਅਤੇ ਅਣ-ਅਧਿਕਾਰਤ ਹਾਈਬ੍ਰਿਡ ਝੋਨੇ ਦੇ ਬੀਜਾਂ ਦੀ ਵਿਕਰੀ ਖਿਲਾਫ ਸਖ਼ਤ ਕਾਰਵਾਈ ਦੇ ਹੁਕਮ ਦਿੱਤੇ ਨੇ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮਾਲੀ ਵਰ੍ਹੇ 2025-26 ਲਈ, 1386 ਕਰੋੜ 47 ਲੱਖ 80 ਹਜ਼ਾਰ ਰੁਪਏ ਦਾ ਬਜਟ ਪਾਸ ਹੋਇਆ।

---------------------------------------------------------

ਸਰਕਾਰ ਨੇ ਅੱਜ ਦੇਸ਼ ਵਿੱਚ ਇਲੈਕਟ੍ਰੌਨਿਕ ਵਸਤਾਂ ਦੇ ਨਿਰਮਾਣ ਨੂੰ ਉਤਸ਼ਾਹਿਤ ਕਰਨ ਅਤੇ ਇਲੈਕਟ੍ਰੌਨਿਕਸ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਲਈ, ਇਲੈਕਟ੍ਰੌਨਿਕਸ ਉਪਕਰਣ ਨਿਰਮਾਣ ਯੋਜਨਾ ਨੂੰ ਪ੍ਰਵਾਨਗੀ ਦੇ ਦਿੱਤੀ ਏ। ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ

ਕਰਦਿਆਂ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਣਵ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਇਲੈਕਟ੍ਰੌਨਿਕਸ ਖੇਤਰ ਵਿੱਚ ਬਹੁਤ ਵਾਧਾ ਹੋਇਆ ਏ । ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਦੇਸ਼ ਵਿੱਚ ਇਲੈਕਟ੍ਰੌਨਿਕਸ ਨਿਰਮਾਣ ਨੇ 25 ਲੱਖ ਨੌਕਰੀਆਂ ਪੈਦਾ ਕੀਤੀਆਂ ਨੇ । ਕੇਂਦਰੀ ਮੰਤਰੀ ਨੇ ਕਿਹਾ ਕਿ ਇਲੈਕਟ੍ਰੌਨਿਕਸ ਉਪਕਰਣ ਨਿਰਮਾਣ ਯੋਜਨਾ ਲਈ 22 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਸ ਨਾਲ 91 ਹਜ਼ਾਰ ਤੋਂ ਵੱਧ ਸਿੱਧੇ ਰੋਜ਼ਗਾਰ ਅਤੇ ਕਈ ਅਸਿੱਧੇ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ। ਸ੍ਰੀ ਵੈਸ਼ਨਵ ਨੇ ਦੱਸਿਆ ਕਿ ਇਲੈਕਟ੍ਰੌਨਿਕ ਵਸਤਾਂ ਦਾ ਘਰੇਲੂ ਉਤਪਾਦਨ 2014-15 ਦੇ ਇਕ ਲੱਖ 90 ਹਜ਼ਾਰ ਕਰੋੜ ਤੋਂ ਵਧ ਕੇ 2023-24 ਵਿੱਚ 9 ਹਜ਼ਾਰ 52 ਲੱਖ ਕਰੋੜ ਹੋ ਗਿਆ ਏ ।

---------------------------------------------------------------

ਪੰਜਾਬ ਸਰਕਾਰ ਨੇ ਅੱਜ ਸਰਵਉੱਚ ਅਦਾਲਤ ਨੂੰ ਸੂਚਿਤ ਕੀਤਾ ਏ ਕਿ, ਇਸਨੇ ਹਰਿਆਣਾ ਨਾਲ ਲੱਗਦੀਆਂ ਸ਼ੰਭੂ ਅਤੇ ਖਨੌਰੀ ਸਰਹੱਦਾਂ ਤੋਂ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਹਟਾ ਦਿੱਤਾ ਏ ਅਤੇ ਰਾਸ਼ਟਰੀ ਸ਼ਾਹਰਾਹ

ਨੂੰ ਨਿਰਵਿਘਨ ਆਵਾਜਾਈ ਲਈ, ਖੋਲ੍ਹ ਦਿੱਤਾ ਏ। ਪੰਜਾਬ ਦੇ ਐਡਵੋਕੇਟ ਜਨਰਲ, ਗੁਰਮਿੰਦਰ ਸਿੰਘ ਨੇ ਜਸਟਿਸ ਸੂਰਿਆ ਕਾਂਤ ਅਤੇ NK ਸਿੰਘ ਦੀ ਬੈਂਚ ਨੂੰ ਇਹ ਵੀ ਦੱਸਿਆ ਕਿ, ਪ੍ਰਦਰਸ਼ਨਕਾਰੀਆਂ ਦੇ ਬਜ਼ੁਰਗ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਅੱਜ ਆਪਣੀ ਭੁੱਖ ਹੜਤਾਲ ਖਤਮ ਕਰ ਦਿੱਤੀ ਏ। ਬੈਂਚ ਨੇ ਪਿਛਲੇ ਸਾਲ ਸਰਵਉੱਚ ਅਦਾਲਤ ਵੱਲੋਂ ਸਥਿਤੀ ਜਿਉਂ ਦੇ ਤਿਉਂ ਬਣਾਈ ਰੱਖਣ ਬਾਰੇ ਪਾਸ ਕੀਤੇ ਗਏ ਹੁਕਮ ਦੀ ਕਥਿਤ ਉਲੰਘਣਾ ਵਿੱਚ ਪ੍ਰਦਰਸ਼ਨਕਾਰੀਆਂ ਨੂੰ ਹਟਾਉਣ ਲਈ, ਪੰਜਾਬ ਦੇ ਅਧਿਕਾਰੀਆਂ ਵਿਰੁੱਧ ਦਾਇਰ ਕੀਤੀ ਗਈ ਮਾਣਹਾਨੀ ਪਟੀਸ਼ਨ 'ਤੇ ਸੁਣਵਾਈ ਕਰਨ ਤੋਂ ਵੀ ਇਨਕਾਰ ਕਰ ਦਿੱਤਾ। ਅਦਾਲਤ ਨੇ ਉੱਚ ਅਧਿਕਾਰ ਪ੍ਰਾਪਤ ਕਮੇਟੀ, ਜੋ ਪ੍ਰਦਰਸ਼ਨਕਾਰੀ ਕਿਸਾਨਾਂ ਅਤੇ ਸਰਕਾਰ ਵਿਚਕਾਰ ਗੱਲਬਾਤ ਲਈ ਗਠਿਤ ਕੀਤੀ ਗਈ ਸੀ, ਨੂੰ ਆਪਣੀ ਜ਼ਿਮਨੀ ਰਿਪੋਰਟ ਦਾਇਰ ਕਰਨ ਦੀ ਹਿਦਾਇਤ ਵੀ ਕੀਤੀ ਏ।

---------------------------------------------------

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਸਭਾ ਦੇ ਅਖੀਰਲੇ ਦਿਨ ਬਾਅਦ ਦੁਪਹਿਰ ਤੱਕ ਜਾਰੀ ਰਹੀ। ਵੱਖ ਵੱਖ ਮੈਂਬਰਾਂ

ਵਲੋਂ ਕਈ ਵਿਸ਼ਿਆਂ ਤੇ ਵਿਚਾਰ ਵਟਾਂਦਰੇ ਤੇ ਸਵਾਲ ਜਵਾਬ ਕੀਤੇ ਗਏ , ਜਿੱਥੇ ਵਿਧਾਇਕ ਸੰਦੀਪ ਜਾਖੜ ਨੇ ਸਿਫਰ ਕਾਲ ਦੌਰਾਨ, ਜਿਥੇ ਪੰਜਾਬ ਸਰਕਾਰ ਵਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸ਼ਲਾਘਾ ਕੀਤੀ, ਉਥੇ ਹੀ ਇਕ ਅਖਬਾਰ ਵਿਚ ਨਸ਼ਿਆਂ ਦੀ ਉਪਲਬਧਤਾ ਬਾਰੇ ਛਪੀ ਰਿਪੋਰਟ ਦਾ ਹਵਾਲਾ ਦਿੰਦਿਆਂ ਸਪੀਕਰ ਨੂੰ ਇਸ ਦਾ ਨੋਟਿਸ ਲੈਣ ਲਈ ਬੇਨਤੀ ਕਰਦਿਆਂ ਕਿਹਾ ਕਿ ਕਿਤੇ ਇਹ ਮੁਹਿਮ ਪਬਲਿਕ ਰਿਲੇਸ਼ਨ ਦੀ ਕਾਰਵਾਈ ਬਣ ਕੇ ਨਾ ਰਹਿ ਜਾਵੇ। ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਧਾਰਮਿਕ ਪੁਸਤਕਾਂ ਦੀ ਬੇਅਦਬੀ ਬਾਰੇ ਸਖਤ ਸਜ਼ਾ ਦੇਣ ਲਈ ਕਾਨੂੰਨ ਬਣਾਉਣ ਨੂੰ ਕਿਹਾ। ਇਜਲਾਸ ਦੌਰਾਨ ਬਹੁਤ ਸਾਰੀਆਂ ਰਿਪੋਰਟਾਂ ਤੇ ਸਰਕਾਰੀ ਮਤੇ ਵੀ ਪੇਸ਼ ਕੀਤੇ ਗਏ। ਸੂਬੇ ਦੇ ਕਿਰਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ, ਵਿਧਾਨ ਸਭਾ ਵਿਚ ਵਿਧਾਇਕ ਦਿਨੇਸ਼ ਚੱਡਾ ਵੱਲੋਂ ਪੁੱਛੇ ਇੱਕ ਸਵਾਲ ਜਵਾਬ ਵਿੱਚ ਕਿਹਾ ਕਿ ਪੰਜਾਬ ਸਰਕਾਰ ਦੀ ਮਨਰੇਗਾ ਵਰਕਰਾਂ ਨੂੰ ਇਮਾਰਤ ਅਤੇ ਹੋਰਨਾਂ ਨਿਰਮਾਣ ਕਾਰਜਾਂ ਬਾਰੇ ਭਲਾਈ ਬੋਰਡ ਵਿਚ ਸ਼ਾਮਿਲ ਕਰਨ ਦੀ ਯੋਜਨਾ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ

ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਵਿਧਾਨ ਸਭਾ 'ਚ ਵਿਧਾਇਕ ਕੁਲਵੰਤ ਸਿੰਘ ਦੇ ਇਕ ਸਵਾਲ ਦੇ ਜਵਾਬ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਕੰਮਕਾਜੀ ਮਹਿਲਾਵਾਂ ਦੀ ਸਹੂਲਤ ਅਤੇ ਸੁਖਾਲੇ ਵਾਤਾਵਰਣ ਲਈ ਨਵੀਆਂ ਕੋਸ਼ਿਸ਼ਾਂ ਕਰ ਰਹੀ ਏ। ਇਨ੍ਹਾਂ ਉਪਰਾਲਿਆਂ ਅਧੀਨ, ਪੰਜਾਬ ਵਿੱਚ ਪਹਿਲੀ ਵਾਰ 6 ਵਰਕਿੰਗ ਵੂਮੈਨ ਹੋਸਟਲਾਂ ਦੀ ਉਸਾਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਨਿਰਮਾਣ ਕਾਰਜ ਮਈ 2025 ਤੱਕ ਸ਼ੁਰੂ ਹੋ ਜਾਵੇਗਾ ਅਤੇ 31 ਮਾਰਚ 2026 ਤੱਕ ਪੂਰਾ ਕਰ ਲਿਆ ਜਾਵੇਗਾ। ਇਹ ਹੋਸਟਲ ਮੋਹਾਲੀ, ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ ਵਿੱਚ ਬਣਾਏ ਜਾਣਗੇ। ਮੋਹਾਲੀ ਜ਼ਿਲ੍ਹੇ ਵਿੱਚ 3 ਹੋਸਟਲ, ਜਲੰਧਰ, ਅੰਮ੍ਰਿਤਸਰ ਅਤੇ ਬਠਿੰਡਾ ਵਿੱਚ 1-1 ਹੋਸਟਲ ਬਣਾਇਆ ਜਾਵੇਗਾ। ਇਹਨਾਂ ਹੋਸਟਲਾਂ ਦੀ ਉਸਾਰੀ 'ਤੇ ਲਗਭਗ 150 ਕਰੋੜ ਰੁਪਏ ਦਾ ਖਰਚਾ ਆਉਣ ਦੀ ਸੰਭਾਵਨਾ ਏ ਅਤੇ ਇਹਨਾਂ ਵਿੱਚ ਕੁੱਲ 800 ਕੰਮਕਾਜੀ ਮਹਿਲਾਵਾਂ ਲਈ ਰਹਿਣ ਦੀ ਸੁਵਿਧਾ ਉਪਲੱਬਧ ਹੋਵੇਗੀ। ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਪੇਸ਼ ਕੀਤਾ 'ਦ ਕੈਦੀਆਂ ਦੇ ਤਬਾਦਲੇ ਬਾਰੇ ਪੰਜਾਬ ਸੋਧਨਾ

ਬਿਲ 2025) ਅੱਜ ਪੰਜਾਬ ਵਿਧਾਨ ਸਭਾ ਨੇ ਸਰਸਸੰਮਤੀ ਨਾਲ ਪਾਸ ਕਰ ਦਿੱਤਾ। ਇਸ ਨਾਲ ਹੁਣ ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਕੈਦੀਆਂ ਨੂੰ ਹੁਣ ਦੂਜੇ ਸੂਬਿਆਂ ਵਿੱਚ ਭੇਜਿਆ ਜਾ ਸਕੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਇੱਕ ਸਰਹੱਦੀ ਸੂਬਾ ਏ, ਜੋ ਕਈ ਪੱਖੋਂ ਗੰਭੀਰ ਅੰਦਰੂਨੀ ਸੁਰੱਖਿਆ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਰਾਸ਼ਟਰੀ ਵਿਰੋਧੀ ਗਤੀਵਿਧੀਆਂ ਵਾਲੇ, ਅੰਤਰ-ਰਾਸ਼ਟਰੀ ਏਜੰਸੀਆਂ, ਆਤੰਕਵਾਦੀ, 'ਏ' ਸ਼੍ਰੇਣੀ ਦੇ ਗੈਂਗਸਟਰ, ਤਸਕਰ ਅਤੇ ਖਤਰਨਾਕ ਅਪਰਾਧੀ ਆਦਿ ਉੱਚ ਜੋਖਮ ਵਾਲੇ ਕੈਦੀ ਬੰਦ ਹਨ, ਜੋ ਅੰਦਰੋਂ ਹੀ ਆਪਣੇ ਅਪਰਾਧਕ ਨੈੱਟਵਰਕ ਚਲਾਉਣ ਦੀ ਕੋਸ਼ਿਸ਼ ਕਰਦੇ ਹਨ।ਉਨ੍ਹਾਂ ਕਿਹਾ ਕੈਦੀਆਂ ਦੇ ਟਰਾਂਸਫਰ ਐਕਟ, 1950 ਵਿੱਚ ਇਹ ਸੋਧ ਕੀਤੀ ਜਾਣੀ ਜ਼ਰੂਰੀ ਬਣ ਗਈ ਸੀ, ਤਾਂ ਜੋ ਅਧੀਨ ਮੁਕੱਦਮੇ ਵਾਲੇ ਕੈਦੀਆਂ ਨੂੰ ਇੱਕ ਰਾਜ ਤੋਂ ਦੂਜੇ ਰਾਜ ਵਿੱਚ ਭੇਜਣ ਦੀ ਵਿਵਸਥਾ ਕੀਤੀ ਜਾ ਸਕੇ। 21 ਮਾਰਚ ਤੋਂ ਅੱਜ 28 ਮਾਰਚ ਤੱਕ ਚਲਿਆ ਪੰਜਾਬ ਵਿਧਾਨ ਸਭਾ ਦਾ ਇਹ ਬਜਟ

ਇਜਲਾਸ ਦੁਪਹਿਰ ਬਾਅਦ ਅਨਮਿਥੇ ਸਮੇਂ ਲਈ ਉਠਾ ਦਿੱਤਾ ਗਿਆ ਏ।

---------------------------------------------------------

ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦਾਅਵਾ ਕਰਦਿਆ ਕਿਹਾ ਕਿ ‘ਸੀਚੇਵਾਲ ਮਾਡਲ’ ਕਿਧਰੇ ਵੀ ਫੇਲ੍ਹ ਨਹੀ ਹੋਇਆ ਸਗੋਂ ਇੰਜੀਨੀਅਰਾਂ ਦਾ ਬਣਾਇਆ ਹੋਇਆ ‘ਥਾਪਰ ਮਾਡਲ’ ਹਰ ਥਾਂ ਫੇਲ੍ਹ ਹੋਇਆ ਏ। ਜਲੰਧਰ ਵਿਚ ਜਾਰੀ ਇਕ ਬਿਆਨ ਵਿਚ ਉਹਨਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਸੀਚੇਵਾਲ ਮਾਡਲ ਨੂੰ ਫੇਲ੍ਹ ਦੱਸਣ 'ਤੇ ਸੂਬੇ ਭਰ ਵਿੱਚ ਰੋਸ ਫੈਲਿਆ ਹੋਇਆ ਏ। ਸੰਤ ਸੀਚੇਵਾਲ ਨੇ ਦਾਅਵਾ ਕੀਤਾ ਏ ਕਿ ਇਹ ਮਾਡਲ 1999 ਤੋਂ, ਉਹਨਾਂ ਦੇ ਆਪਣੇ ਪਿੰਡ ਸੀਚੇਵਾਲ ਵਿੱਚ ਪੂਰੀ ਕਾਮਜ਼ਾਬੀ ਨਾਲ ਚੱਲ ਰਿਹਾ ਏ। ਸੀਚੇਵਾਲ ਮਾਡਲ ਨੂੰ ਫੇਲ੍ਹ ਦੱਸਣ ਵਾਲੇ ਆਗੂਆਂ ਨੂੰ ਉਹਨਾਂ ਕਿਹਾ ਕਿ ਪੰਜਾਬ ਦੇ ਲਗਭਗ 250 ਪਿੰਡਾਂ ਵਿੱਚ ਸੀਚੇਵਾਲ ਮਾਡਲ ਸਫਲਤਾ ਪੂਰਵਕ ਚੱਲ

ਰਿਹਾ ਏ ਤੇ ਉਹ ਇਸ ਮਾਡਲ ਦੇ ਚੱਲਣ ਦੀ ਪੂਰੀ ਤਰ੍ਹਾਂ ਨਾਲ ਗਾਰੰਟੀ ਦਿੰਦੇ ਨੇ।

----------------------------------------------------------------

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਯੋਜਨਾ ਤਹਿਤ ਚਾਲੂ ਵਿੱਤੀ ਸਾਲ 2024-25 ਦੌਰਾਨ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ 1872 ਲਾਭਪਾਤਰੀਆਂ ਨੂੰ 9 ਕਰੋੜ 55 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ।

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਲਈ ਅਸ਼ੀਰਵਾਦ ਯੋਜਨਾ ਤਹਿਤ ਜਿਲਾ ਅੰਮ੍ਰਿਤਸਰ, ਬਰਨਾਲਾ, ਬਠਿੰਡਾ, ਫਿਰੋਜਪੁਰ, ਸ੍ਰੀ ਫਤਹਿਗੜ੍ਹ ਸਾਹਿਬ, ਹੁਸ਼ਿਆਰਪੁਰ, ਕਪੂਰਥਲਾ, ਲੁਧਿਆਣਾ, ਸ੍ਰੀ ਮੁਕਤਸਰ ਸਾਹਿਬ, ਐਸ.ਬੀ.ਐਸ.ਨਗਰ ਅਤੇ ਤਰਨਤਾਰਨ ਦੇ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ ਕੁੱਲ 1872 ਲਾਭਪਾਤਰੀਆਂ ਦੀਆਂ ਦਰਖਾਸਤਾਂ ਚਾਲੂ ਸਾਲ ਦੌਰਾਨ

ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਸਨ । ਇਹਨਾਂ 1872 ਲਾਭਪਾਤਰੀਆਂ ਨੂੰ ਕਵਰ ਕਰਨ ਲਈ ਰਾਸ਼ੀ ਜਾਰੀ ਕੀਤੀ ਗਈ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਯੋਜਨਾ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਤ ਲੜਕੀਆਂ ਦੇ ਵਿਆਹ ਲਈ 51 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਏ ।

---------------------------------------------------------

ਪੰਜਾਬ ਸਰਕਾਰ ਵੱਲੋਂ ਅੱਜ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਆਪਣੇ ਜ਼ਿਲ੍ਹਿਆਂ ਦੇ ਪਿੰਡਾਂ ਅਤੇ ਹੋਰਨਾਂ ਇਲਾਕਿਆਂ ਵਿੱਚ, ਖੁਦ ਜਾਕੇ ਨਿਵਾਸੀਆਂ ਦੀਆਂ ਸ਼ਿਕਾਇਤਾਂ ਸੁਣ ਕੇ, ਉਨਾਂ ਦੇ ਤੁਰੰਤ ਨਿਪਟਾਰੇ ਕਰਨ ਦੇ ਹੁਮੁਕ ਜਾਰੀ ਕੀਤੇ ਗਏ ਨੇ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ, ਸਰਕਾਰ 'ਆਪਕੇ ਦੁਆਰ ਮੁਹਿੰਮ' ਤਹਿਤ ਮੁੱਖ ਮੰਤਰੀ

ਵੱਲੋਂ ਇਹ ਹੁਕਮ ਜਾਰੀ ਕੀਤੇ ਗਏ ਨੇ। ਇਸ ਤਹਿਤ ਸਾਰੇ ਡਿਪਟੀ ਕਮਿਸ਼ਨਰ ਹਫਤੇ ਵਿੱਚ, ਘੱਟੋ ਘੱਟ ਚਾਰ ਦਿਨ ਪਿੰਡਾਂ ਅਤੇ ਹੋਰਨਾਂ ਇਲਾਕਿਆਂ ਵਿੱਚ ਜਾ ਕੇ, ਲੋਕਾਂ ਦੀਆਂ ਹਰ ਤਰ੍ਹਾਂ ਦੀਆਂ ਸ਼ਿਕਾਇਤਾਂ ਸੁਣ ਕੇ ਹੱਲ ਕਰਨਗੇ।

BYTE:

ਵਿੱਤ ਮੰਤਰੀ ਨੇ ਕਿਹਾ ਕਿ, ਉਹ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਬਾਰੇ ਵੀ ਲੋਕਾਂ ਤੋਂ ਜਾਣਕਾਰੀ ਲੈਣਗੇ ਕਿ, ਕੀ ਇਸ ਮੁਹਿੰਮ ਦੌਰਾਨ ਕੰਮ ਠੀਕ ਚੱਲ ਰਿਹਾ ਏ।

---------------------------------------------------------------

ਆਉਂਦੇ ਸਾਉਣੀ ਸੀਜ਼ਨ ਦੇ ਮੱਦੇਨਜ਼ਰ, ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਨਕਲੀ ਕਪਾਹ ਅਤੇ ਅਣ-ਅਧਿਕਾਰਤ ਹਾਈਬ੍ਰਿਡ ਝੋਨੇ ਦੇ ਬੀਜਾਂ ਦੀ ਵਿਕਰੀ ਖਿਲਾਫ ਸਖ਼ਤ ਕਾਰਵਾਈ ਦੇ ਹੁਕਮ ਦਿੱਤੇ ਨੇ।

ਇਸ ਕਦਮ ਦਾ ਉਦੇਸ਼ ਕਿਸਾਨਾਂ ਨੂੰ ਧੋਖਾਧੜੀ ਦੇ ਅਮਲਾਂ ਤੋਂ ਬਚਾਉਣਾ ਅਤੇ ਉਨ੍ਹਾਂ ਦੀ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਏ । ਉਨ੍ਹਾਂ ਨੇ ਪ੍ਰਸ਼ਾਸਕ ਸਕੱਤਰ ਖੇਤੀਬਾੜੀ ਡਾ. ਬਸੰਤ ਗਰਗ ਦੇ ਨਾਲ ਮਿਲ ਕੇ ਸਾਰੇ ਮੁੱਖ ਖੇਤੀਬਾੜੀ ਅਧਿਕਾਰੀਆਂ ਅਤੇ ਸੰਯੁਕਤ ਡਾਇਰੈਕਟਰਾਂ ਨਾਲ ਚੱਲ ਰਹੇ ਪ੍ਰੋਜੈਕਟਾਂ ਦੀ ਸਮੀਖਿਆ ਕਰਨ ਲਈ, ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਹ ਗੱਲ ਕਹੀ । ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਜ਼ਿਲ੍ਹੇ ਵਿੱਚ ਅਣ-ਅਧਿਕਾਰਤ ਹਾਈਬ੍ਰਿਡ ਝੋਨੇ ਦੇ ਬੀਜ ਵੇਚੇ ਜਾਂਦੇ ਪਾਏ ਜਾਂਦੇ ਹਨ, ਤਾਂ ਸਬੰਧਤ ਮੁੱਖ ਖੇਤੀਬਾੜੀ ਅਧਿਕਾਰੀ ਜ਼ਿੰਮੇਵਾਰ ਹੋਣਗੇ ਅਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ । ਉਨ੍ਹਾਂ ਨੇ ਸਾਰੇ ਅਧਿਕਾਰੀਆਂ ਨੂੰ ਨਕਲੀ ਕਪਾਹ ਦੇ ਬੀਜਾਂ ਦੇ ਉਤਪਾਦਨ ਅਤੇ ਵੰਡ ਵਿੱਚ ਸ਼ਾਮਲ ਲੋਕਾਂ ਵਿਰੁੱਧ ਤੇਜ਼ੀ ਨਾਲ ਅਤੇ ਫੈਸਲਾਕੁੰਨ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ, ਇਸ ਤੋਂ ਇਲਾਵਾ ਸ਼ੱਕੀ ਗੋਦਾਮਾਂ ਅਤੇ ਦੁਕਾਨਾਂ 'ਤੇ ਛਾਪੇਮਾਰੀ ਕਰਨ, ਬੀਜਾਂ ਦੇ ਗੈਰ-ਕਾਨੂੰਨੀ ਸਟਾਕ ਨੂੰ ਜ਼ਬਤ ਕਰਨ ਅਤੇ ਅਪਰਾਧੀਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ । ਉਨ੍ਹਾਂ ਨੇ ਉਨ੍ਹਾਂ ਨੂੰ ਗੁਆਂਢੀ ਸੂਬਿਆਂ ਤੋਂ ਨਕਲੀ

ਬੀਜਾਂ ਦੇ ਦਾਖਲੇ 'ਤੇ ਨੇੜਿਓਂ ਨਿਗਰਾਨੀ ਕਰਨ ਅਤੇ ਰੋਕਣ ਲਈ ਸਰਹੱਦੀ ਜ਼ਿਲ੍ਹਿਆਂ ਵਿੱਚ ਨੋਡਲ ਅਧਿਕਾਰੀ ਨਿਯੁਕਤ ਕਰਨ ਦੀ ਹਿਦਾਇਤ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੰਡੀ ਵਿੱਚ ਕਿਸਾਨਾਂ ਨੂੰ ਵਿਕਰੀ ਲਈ ਸਿਰਫ਼ ਪ੍ਰਮਾਣਿਤ ਅਤੇ ਅਧਿਕਾਰਤ ਝੋਨੇ ਅਤੇ ਕਪਾਹ ਦੇ ਬੀਜ ਹੀ ਉਪਲਬਧ ਹੋਣੇ ਚਾਹੀਦੇ ਨੇ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ ਵੱਲੋਂ ਅੱਜ ਤੇਜਾ ਸਿੰਘ ਸਮੁੰਦਰੀ ਹਾਲ 'ਚ ਆਯੋਜਿਤ ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦਾ ਮਾਲੀ ਵਰ੍ਹੇ 2025-26 ਲਈ 1386 ਕਰੋੜ 47 ਲੱਖ 80 ਹਜਾਰ ਰੁਪਏ ਦਾ ਬਜਟ ਪੇਸ਼ ਕੀਤਾ ਗਿਆ, ਜਿਸ ਨੂੰ ਸਮੁੱਚੇ ਸਦਨ ਵਲੋਂ ਪ੍ਰਵਾਨਗੀ ਦਿੱਤੀ ਗਈ। ਸ਼੍ਰੋਮਣੀ ਕਮੇਟੀ ਦੇ ਬਜਟ ਨੂੰ ਚਾਰ ਭਾਗਾਂ ੳ ਅ ੲ ਸ ਵਿੱਚ ਵੰਡਿਆ ਗਿਆ ਏ। ਭਾਗ ੳ ਦਾ 223 ਕਰੋੜ 87 ਲੱਖ ਰੁਪਏ ਦੇ ਬਜਟ ਨੂੰ ਜਨਰਲ ਬੋਰਡ ਫੰਡ, ਟਰਸਟ ਫੰਡ, ਵਿਦਿਆ ਫੰਡ, ਸਪੋਰਟਸ ਫੰਡ, ਪ੍ਰਿੰਟਿੰਗ ਪ੍ਰੈਸਾਂ ਤੇ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ ਬੀੜ

ਸਾਹਿਬ ਠੱਠਾ `ਚ ਵੰਡਿਆ ਗਿਆ ਏ । ਬਜਟ ਭਾਗ ਅ ਵਿੱਚ, ਧਰਮ ਪ੍ਰਚਾਰ ਕਮੇਟੀ ਦਾ ਬਜਟ 110 ਕਰੋੜ ਦਾ , ਬਜਟ ਭਾਗ ੲ ਵਿੱਚ ਗੁਰਦੁਆਰਾ ਸਾਹਿਬਾਨ ਦਫਾ ਸੈਕਸ਼ਨ 85 ਦਾ ਬਜਟ 1052 ਕਰੋੜ 4 ਲੱਖ ਰੁਪਏ ਦਾ ਅਤੇ ਬਜਟ ਭਾਗ ਸ ਵਿੱਚ ਵਿੱਦਿਅਕ ਅਦਾਰੇ ਸ਼ਾਮਿਲ ਕੀਤੇ ਗਏ ਨੇ, ਜਿਸ ਦਾ ਬਜਟ 295 ਕਰੋੜ 53 ਲੱਖ ਪੇਸ਼ ਕੀਤਾ ਗਿਆ ਏ ।

---------------------------------------------------

ਪੰਜਾਬ ਪੁਲਿਸ ਦੀ ਅੰਮ੍ਰਿਤਸਰ ਸਥਿਤ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਪਾਕਿਸਤਾਨ ਦੀ ਹਮਾਇਤ ਵਾਲੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕਰਦਿਆਂ, ਇਸਦੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫਤਿਹ ਸਿੰਘ ਅਤੇ ਗੁਰਪ੍ਰੀਤ ਸਿੰਘ ਵਜੋਂ ਹੋਈ ਏ ਅਤੇ ਦੋਵੇਂ ਤਰਨਤਾਰਨ ਦੇ ਪਿੰਡ ਢੱਲਾ ਦੇ ਰਹਿਣ ਵਾਲੇ ਨੇ । ਇਹਨਾਂ ਦੇ ਕਬਜ਼ੇ ’ਚੋਂ ਪੰਜ ਅਤਿ-ਆਧੁਨਿਕ ਪਿਸਤੌਲ ਵੀ ਬਰਾਮਦ ਕੀਤੇ ਗਏ ਨੇ।

---

- ਸਰਕਾਰ ਨੇ ਅੱਜ ਦੇਸ਼ ਵਿੱਚ ਇਲੈਕਟ੍ਰੌਨਿਕ ਵਸਤਾਂ ਦੇ ਨਿਰਮਾਣ ਨੂੰ ਉਤਸ਼ਾਹਿਤ ਕਰਨ ਲਈ, ਇਲੈਕਟ੍ਰੌਨਿਕਸ ਉਪਕਰਣ ਨਿਰਮਾਣ ਯੋਜਨਾ ਨੂੰ ਪ੍ਰਵਾਨਗੀ ਦਿੱਤੀ।
- ਪੰਜਾਬ ਸਰਕਾਰ ਨੇ ਸਰਵਉੱਚ ਅਦਾਲਤ ਨੂੰ ਸੂਚਿਤ ਕੀਤਾ ਏ ਕਿ, ਇਸਨੇ ਹਰਿਆਣਾ ਨਾਲ ਲੱਗਦੇ ਸ਼ੰਭੂ ਅਤੇ ਖਨੌਰੀ ਸਰਹੱਦਾਂ ਤੋਂ, ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਹਟਾ ਦਿੱਤਾ ਏ ਅਤੇ ਰਾਸ਼ਟਰੀ ਸ਼ਾਹਰਾਹ ਨੂੰ ਨਿਰਵਿਘਨ ਆਵਾਜਾਈ ਲਈ ਖੋਲ੍ਹ ਦਿੱਤਾ ਏ।
- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਅਖੀਰਲੇ ਦਿਨ ਬਾਅਦ ਦੁਪਹਿਰ ਤੱਕ ਜਾਰੀ ਰਹਿਣ ਤੋਂ ਬਾਅਦ ਬਜਟ ਇਜਲਾਸ ਅਣਮਿਥੇ ਸਮੇਂ ਲਈ ਉਠਾਇਆ  ਗਿਆ ।
- ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜੋਰ ਵਰਗਾ ਦੇ ਲਾਭਪਾਤਰੀਆਂ ਲਈ 9 ਕਰੋੜ 55 ਲੱਖ  ਦੀ ਰਾਸ਼ੀ ਜਾਰੀ ।

- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਨਕਲੀ ਕਪਾਹ ਅਤੇ ਅਣ-ਅਧਿਕਾਰਤ ਹਾਈਬ੍ਰਿਡ ਝੋਨੇ ਦੇ ਬੀਜਾਂ ਦੀ ਵਿਕਰੀ ਖਿਲਾਫ ਸਖ਼ਤ ਕਾਰਵਾਈ ਦੇ ਹੁਕਮ ਦਿੱਤੇ ਨੇ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮਾਲੀ ਵਰ੍ਹੇ 2025-26 ਲਈ, 1386 ਕਰੋੜ 47 ਲੱਖ 80 ਹਜ਼ਾਰ ਰੁਪਏ ਦਾ ਬਜਟ ਪਾਸ ਹੋਇਆ।